# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋ ਨੰ::Transfer Cell/2026/322388/੭੬੫੫ ਮਿਤੀ: 13.06.2026

## ਜਨਤਕ ਸੂਚਨਾਂ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1edu6/1508658, ਮਿਤੀ 26.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮਿਤੀ 27.05.2020 ਜਾਰੀ ਕੀਤੀ ਗਈ ਹੈ। ਜੋ ਸੋਧਾਂ ਅਧਿਆਪਕਾਂ ਦੀ ਪਾਲਿਸੀ ਲਈ ਜਾਰੀ ਕੀਤੀਆਂ ਗਈਆਂ ਹਨ, ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਾਲ 2026 ਦੌਰਾਨ ਜਨਤਕ ਸੂਚਨਾਂ ਮੀਮੋ ਨੰ:Transfer Cell/2026/322388/2617 ਮਿਤੀ 04.05.2026 ਅਤੇ ਮੀਮੋ ਨੰ:Transfer Cell/2026/322388/2627 ਮਿਤੀ 14.05.2026 ਅਤੇ ਮੀਮੋ ਨੰ:Transfer Cell/2026/322388/2630 ਮਿਤੀ 19.05.2026 ਰਾਹੀਂ ਅਧਿਆਪਕ/ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਸਟਾਫ, ਜੋ ਬਦਲੀਆਂ ਕਰਵਾਉਣਾ ਚਾਹੁੰਦੇ ਹਨ ਉਹਨਾਂ ਤੋਂ ਬਦਲੀਆਂ ਲਈ ਆਨਲਾਈਨ ਬੇਨਤੀਆਂ ਮਿਤੀ 22.05.2026 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵਲੋਂ ਈ ਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਗਏ ਹਨ।

3.0 ਦਰਖਾਸਤਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 25.05.2026 ਤੋਂ 28.05.2026 ਤੱਕ ਕੀਤੀ ਗਈ ਹੈ।

4.0 ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 14.06.2026 (ਰਾਤ 12:00 ਵਜੇ ਤੱਕ) ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

5.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

6.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)